# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 23-02-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਭਾਰਤ, ਆਰਟੀਫਿਸ਼ਲ ਇੰਟੈਲੀਜੈਂਸ ਦੇ ਖੇਤਰ ਵਿੱਚ ਤੇਜ਼ੀ ਨਾਲ ਇੱਕ ਮਜ਼ਬੂਤ ਪਛਾਣ ਬਣਾ ਰਿਹਾ ਏ । ਅੱਜ ਆਕਾਸ਼ਵਾਣੀ 'ਤੇ ਆਪਣੇ' ਮਨ ਕੀ ਬਾਤ 'ਪ੍ਰੋਗਰਾਮ ਰਾਹੀਂ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਸ਼੍ਰੀ ਮੋਦੀ ਨੇ ਕਿਹਾ ਕਿ ਨਵੀਂ ਤਕਨੋਲੋਜੀਆਂ ਨੂੰ ਅਪਣਾਉਣ ਵਿੱਚ, ਭਾਰਤ ਦੇ ਲੋਕ ਕਿਸੇ ਤੋਂ ਪਿੱਛੇ ਨਹੀਂ ਹਨ।BYTE: ਉਨ੍ਹਾਂ ਮਾਣ ਪ੍ਰਗਟਾਇਆ ਕਿ ਦੇਸ਼ ਨੇ ਪਿਛਲੇ ਮਹੀਨੇ ਇਸਰੋ ਰਾਹੀਂ ਆਪਣਾ 100ਵਾਂ ਰਾਕੇਟ ਦਾਗਿਆ । ਉਨ੍ਹਾਂ ਕਿਹਾ ਕਿ ਇਹ ਦਰਸਾਉਂਦਾ ਏ ਕਿ ਰਾਸ਼ਟਰ, ਪੁਲਾੜ ਵਿਗਿਆਨ ਵਿੱਚ, ਹਰ ਰੋਜ਼ ਨਵੀਆਂ ਉਚਾਈਆਂ ਨੂੰ ਪਾਰ ਕਰ ਰਿਹਾ ਏ । ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਲਗਭਗ 460 ਉਪਗ੍ਰਹਿ ਛਡੇ ਗਏ ਨੇ , ਜਿਨ੍ਹਾਂ ਵਿੱਚ ਹੋਰ ਦੇਸ਼ਾਂ ਦੇ ਉਪਗ੍ਰਹਿ ਵੀ ਸ਼ਾਮਲ ਨੇ । ਪ੍ਰਧਾਨ ਮੰਤਰੀ ਨੇ ਪੁਲਾੜ ਵਿਗਿਆਨੀਆਂ ਦੀ ਟੀਮ ਵਿੱਚ ਨਾਰੀ ਸ਼ਕਤੀ ਦੀ ਵਧ ਰਹੀ ਭਾਗੀਦਾਰੀ 'ਤੇ ਵੀ ਤਸੱਲੀ ਪ੍ਰਗਟਾਈ।

ਉਨ੍ਹਾਂ ਕਿਹਾ ਕਿ ਅੱਜ ਪ੍ਰਾਈਵੇਟ ਸੈਕਟਰ ਵਿੱਚ ਸਟਾਰਟ-ਅੱਪਸ ਅਤੇ ਪ੍ਰਾਈਵੇਟ ਸਪੇਸ ਕੰਪਨੀਆਂ ਦੀ ਗਿਣਤੀ 100 ਨੂੰ ਪਾਰ ਕਰ ਗਈ ਏ । ਸ਼੍ਰੀ ਮੋਦੀ ਨੇ ਕਿਹਾ ਕਿ ਪੁਲਾੜ ਖੇਤਰ ਸਾਡੇ ਨੌਜਵਾਨਾਂ ਲਈ ਇੱਕ ਵਧੀਆ ਵਿਕਲਪ ਬਣ ਗਿਆ ਏ ਜੋ ਜੀਵਨ ਵਿੱਚ ਕੁਝ ਦਿਲਚਸਪ ਅਤੇ ਆਕਰਸ਼ਕ ਕਰਨਾ ਚਾਹੁੰਦੇ ਨੇ ।ਸ਼੍ਰੀ ਮੋਦੀ ਨੇ 8 ਮਾਰਚ ਨੂੰ ਅੰਤਰ-ਰਾਸ਼ਟਰੀ ਮਹਿਲਾ ਦਿਵਸ ਮਨਾਉਣ ਬਾਰੇ ਵੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਇਹ ਮਹਿਲਾ ਸ਼ਕਤੀ ਨੂੰ ਸਲਾਮ ਕਰਨ ਦਾ ਵਿਸ਼ੇਸ਼ ਮੌਕਾ ਏ । ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਭੋਜਨ ਵਿੱਚ ਤੇਲ ਦੀ ਜ਼ਿਆਦਾ ਵਰਤੋਂ ਨਾਲ ਦਿਲ ਦੀ ਬਿਮਾਰੀ, ਸ਼ੂਗਰ ਅਤੇ ਹਾਈ ਬਲੱਡ ਪ੍ਰੈਸ਼ਰ ਵਰਗੀਆਂ ਬਿਮਾਰੀਆਂ ਹੋ ਸਕਦੀਆਂ ਨੇ । ਉਨ੍ਹਾਂ ਕਿਹਾ ਕਿ ਲੋਕ ਆਪਣੇ ਖਾਣ-ਪੀਣ ਦੀਆਂ ਆਦਤਾਂ ਵਿੱਚ ਕੁੱਝ ਤਬਦੀਲੀਆਂ ਕਰਕੇ, ਤੰਦਰੁਸਤ ਰਹਿ ਸਕਦੇ ਹਨ ਅਤੇ ਬਿਮਾਰੀਆਂ ਤੋਂ ਬਚ ਸਕਦੇ ਨੇ । ਆਪਣੇ ਸੰਬੋਧਨ ਦੇ ਅੰਤ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਮਲ ਹੋਣ ਵਾਲੇ ਪ੍ਰੀਖਿਆ ਯੋਧਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।BYTE:

----------------------------------------------------------------------

ਕੇਂਦਰ ਸਰਕਾਰ ਅਤੇ ਕਿਸਾਨ ਸੰਗਠਨਾਂ ਵਿਚਾਲੇ ਅਗਲੇ ਦੌਰ ਦੀ ਗੱਲਬਾਤ 19 ਮਾਰਚ ਨੂੰ ਹੋਵੇਗੀ। ਖੇਤੀਬਾੜੀ ਅਤੇ ਕਿਸਾਨ ਭਲਾਈ

ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕੱਲ੍ਹ ਚੰਡੀਗੜ ਵਿੱਚ ਪ੍ਰਦਰਸ਼ਨਕਾਰੀ ਕਿਸਾਨਾਂ ਨਾਲ ਵਿਚਾਰ ਵਟਾਂਦਰੇ ਤੋਂ ਬਾਅਦ ਕਿਹਾ ਕਿ ਕਿਸਾਨ ਸੰਗਠਨਾਂ, ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ ਗੈਰ-ਸਿਆਸੀ ਨਾਲ ਗੱਲਬਾਤ ਸੁਹਿਰਦ ਅਤੇ ਰਹੀ ਏ । BYTE: ਮੀਟਿੰਗ ਵਿੱਚ ਮੌਜੂਦ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਏ ।

-----------------------------------------------------------------

ਪੰਜਾਬ ਦੇ ਸਹਿਰਾਂ ਦੀ ਸਾਫ ਸਫਾਈ ਅਤੇ ਸੀਵਰੇਜ ਦੀ ਸੁਚੱਜੀ ਵਿਵਸਥਾ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ 7 ਜ਼ਿਲ੍ਹਿਆਂ ਵਿਚ ਸੀਵਰੇਜ ਲਾਈਨਾਂ ਦੀ ਸਫਾਈ ਬਿਹਤਰ ਢੰਗ ਨਾਲ ਕਰਨ ਲਈ ਸੁਪਰ ਸੰਕਸ਼ਨ ਤੇ ਜੈਟਿੰਗ ਮਸ਼ੀਨ ਸਮੇਤ 216 ਅਤਿ ਆਧੁਨਿਕ ਮਸੀਨਾਂ ਨੂੰ ਝੰਡੀ ਵਿਖਾ ਕੇ ਰਵਾਨਾ ਕੀਤਾ। ਸੰਗਰੂਰ ਸਥਿਤ ਰਣਬੀਰ ਕਾਲਜ ਵਿਖੇ ਸਮਾਗਮ ਵਿਚ ਬੋਲਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ 7 ਜ਼ਿਲ੍ਹਿਆਂ ਸੰਗਰੂਰ, ਬਰਨਾਲਾ, ਬਠਿੰਡਾ, ਮਲੇਰਕੋਟਲਾ, ਮਾਨਸਾ, ਪਟਿਆਲਾ ਅਤੇ ਫਤਹਿਗੜ੍ਹ ਸਾਹਿਬ ਵਿੱਚ ਸਫਾਈ ਲਈ 14 ਕਰੋੜ 30 ਲਖ ਰੁਪਏ ਦੀ ਲਾਗਤ ਨਾਲ 730 ਮਸੀਨਾਂ ਖਰੀਦੀਆਂ ਗਈਆਂ ਨੇ । ਉਨ੍ਹਾਂ ਦੱਸਿਆ ਕਿ ਹੁਣ ਸਫਾਈ

ਕਰਮੀਆਂ ਨੂੰ ਸੀਵਰੇਜ ਸਾਫ ਕਰ ਲਈ ਮੈਨਹੋਲ ਵਿੱਚ ਨਹੀਂ ਉਤਰਨਾ ਪਵੇਗਾ ਸਗੋਂ ਉਹਨਾਂ ਨੂੰ ਮਸੀਨਾਂ ਨਾਲ ਸੀਵਰੇਜ ਦੀ ਸਫਾਈ ਕਰਨ ਵਾਸਤੇ ਸਿਖਲਾਈ ਦਿੱਤੀ ਜਾਦੀ। ਸੰਗਰੂਰ ਵਿੱਚ ਮੈਡੀਕਲ ਕਾਲਜ ਦੀ ਸਥਾਪਨਾ ਲਈ ਮੁੱਖ ਮੰਤਰੀ ਨੇ ਦੱਸਿਆ ਕਿ ਇਸ ਕਾਲਜ ਦੇ ਨਿਰਮਾਣ ਲਈ ਸਾਰੇ ਅੜਿਕੇ ਦੂਰ ਕਰ ਦਿੱਤੇ ਗਏ ਹਨ ਅਤੇ ਛੇਤੀ ਹੀ ਇਹ ਪ੍ਰੋਜੈਕਟ ਸੁਰੂ ਹੋ ਜਾਵੇਗਾ।

--------------------------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੇ ਪਟਿਆਲਾ ਦੇ ਬਹਾਵਲਪੁਰ ਪੈਲੇਸ ਤ੍ਰਿਪੜੀ ਵਿਖੇ ਜ਼ਿਲ੍ਹਾ ਸਿੱਖਿਆ ਵਿਭਾਗ ਅਤੇ ਜੋਤੀ ਫਾਂਊਂਡੇਸ਼ਨ ਦੇ ਸਹਿਯੋਗ ਨਾਲ ਆਯੋਜਿਤ ਕੀਤੇ ਗਏ ਸਮਾਗਮ ਵਿੱਚ 200 ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ, ਮੁਫ਼ਤ 6 ਹਜਾਰ ਚਸ਼ਮੇ 'ਬੱਚਿਆਂ ਦੇ ਕਲੀਅਰ ਵਿਜ਼ਨ ਫਾਰ ਬ੍ਰਾਈਟਰ ਫਿਊਚਰ' ਤਹਿਤ ਵੰਡੇ । ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕਰਦਿਆਂ ਸਿਹਤ ਮੰਤਰੀ ਨੇ ਫਾਂਊਡੇਸ਼ਨ ਦੇ ਸਹਿਯੋਗ ਨਾਲ ਪਟਿਆਲਾ ਦੇ 12 ਸਿੱਖਿਆ ਬਲਾਕਾਂ ਦੇ 60 ਹਜਾਰ ਸਰਕਾਰੀ ਸਕੂਲੀ ਬੱਚਿਆਂ ਦੇ ਅੱਖਾਂ ਦੀ ਜਾਂਚ ਕਰਵਾਉਣ 'ਤੇ ਉਹਨਾਂ ਦੀ ਸ਼ਲਾਘਾ ਕੀਤੀ । ਉਹਆਂ ਬੱਚਿਆਂ ਅਤੇ ਅਧਿਆਪਕਾਂ ਨੂੰ ਅੱਖਾਂ ਦੀ ਮਹੱਤਤਾ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਸਾਨੂੰ ਅੱਖਾਂ ਦੀ ਦੇਖਭਾਲ ਅਤੇ ਸਮੇਂ-ਸਮੇਂ ਤੇ ਅੱਖਾਂ ਦੀ ਜਾਂਚ ਕਰਵਾਉਂਦੇ ਰਹਿਣਾ ਚਾਹੀਦਾ ਏ ।

ਡਾ: ਬਲਬੀਰ ਸਿੰਘ ਨੇ ਬੱਚਿਆਂ ਵਿੱਚ ਮਾਇਓ-ਪਿਆ ਦੀ ਵੱਧ ਰਹੀ ਦਰ ਦੀ ਗੱਲ ਕਰਦਿਆਂ ਸਕੂਲੀ ਬੱਚਿਆਂ ਨੂੰ ਜਾਗਰੂਕ ਕੀਤਾ। ਉਹਨਾਂ ਰੋਜ਼ਾਨਾ ਜੀਵਨ ਵਿੱਚ ਅੱਖਾਂ ਦੀ ਰੌਸ਼ਨੀ ਅਤੇ ਇਸ ਦੀ ਮਹੱਤਤਾ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ ।

-----------------------------------------------------------------

ਸ਼੍ਰੀਮਤੀ ਧਨਪ੍ਰੀਤ ਕੌਰ ਨੇ ਕੱਲ ਜਲੰਧਰ ਕਮਿਸ਼ਨਰੇਟ ਦੇ ਪੁਲਿਸ ਕਮਿਸ਼ਨਰ ਵਜੋਂ ਆਪਣਾ ਕਾਰਜਭਾਰ ਸੰਭਾਲਿਆ । ਜਲੰਧਰ ਨੂੰ ਸੁਰਿਖਅਤ ਅਤੇ ਸਮਾਰਟ ਸਿਟੀ ਬਣਾਉਣ ਹਿੱਤ, ਪੁਲਿਸ ਕਮਿਸ਼ਨਰ ਨੇ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਦੀ ਕੱਲ ਇਕ ਮੀਟਿੰਗ ਕੀਤੀ । ਮੀਟਿੰਗ ਵਿਚ ਨਸ਼ਿਆਂ ਅਤੇ ਅਪਰਾਧ ਨੂੰ ਖਤਮ ਕਰਨ ਲਈ ਕੀਤੇ ਜਾ ਰਹੇ ਅਤੇ ਕੀਤੇ ਜਾਣ ਵਾਲੇ ਉਪਰਾਲਿਆਂ ਬਾਰੇ ਜਾਣਕਾਰੀ ਦੀਦਿਆਂ ਉਨ੍ਹਾਂ ਕਿਹਾ IBYTE: ਜਲੰਧਰ ਵਿੱਚ ਪੁਲਿਸ ਕਮਿਸ਼ਨਰ ਦੇ ਅਹੁਦੇ 'ਤੇ ਜੁਆਇਨ ਕਰਨ ਵਾਲੇ ਉਹ ਪਹਿਲੇ ਮਹਿਲਾ ਅਧਿਕਾਰੀ ਨੇ।

-----------------------------------------------------------------

ਸੀਮਾ ਸੁਰੱਖਿਆ ਬਲ ਵਲੋਂ ਅੱਜ ਅੰਮ੍ਰਿਤਸਰ ਵਿੱਚ Hand in Hand With Border Population ਥੀਮ ਤਹਿਤ 'ਬੋਰਡਰ-ਮੈਨ ਮੈਰਾਥਨ 2025' ਦੇ ਚੌਥੇ ਸੰਸਕਰਣ ਦਾ ਆਗਾਜ਼ ਕੀਤਾ ਗਿਆ ।

ਇਹ ਫਿਟ ਇੰਡੀਆ ਮੂਵਮੇਂਟ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਦੇ ਉਦੇਸ਼ਾਂ ਨੂੰ ਮਜ਼ਬੂਤ ਬਣਾਉਂਦੀ ਏ। ਇਸ ਮੌਕੇ ਬੀ.ਐਸ.ਐਫ ਦੇ ਡੀ.ਜੀ. ਦਲਜੀਤ ਸਿੰਘ ਚੌਧਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਇਸ ਮੈਰਾਥਨ ਵਿੱਚ ਫੁੱਲ ਮੈਰਾਥਨ , ਹਾਫ ਮੈਰਾਥਨ ਅਤੇ 10 ਕਿਮੀ ਦੌੜ ਜਿਹੀਆਂ ਤਿੰਨ ਮੁੱਖ ਸ਼੍ਰੇਣੀਆਂ ਸ਼ਾਮਲ ਨੇ। ਅੰਮ੍ਰਿਤਸਰ ਦੇ ਗੋਲਡਨ ਗੇਟ ਤੋਂ 42 ਕਿਲੋ ਮੀਟਰ ਦੀ ਮੈਰਾਥਨ ਦੌੜ ਦੀ ਸ਼ੁਰੂਆਤ ਕੀਤੀ ਗਈ। ਇਸ ਵਾਰ, ਇਹ ਮੈਰਾਥਨ 5200 ਤੋਂ ਵੱਧ ਲੋਕ ਹਿਸਾ ਲੈ ਰਹੇ ਨੇ ਜਿਨ੍ਹਾਂ ਵਿੱਚ ਭਾਰਤ ਅਤੇ ਵਿਦੇਸ਼ਾਂ ਤੋਂ ਆਏ ਪੇਸ਼ੇਵਰ ਏਥਲਿਟ ਵੀ ਸ਼ਾਮਲ ਨੇ